**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ 03-04-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ***

- ਆਮ ਆਦਮੀ ਪਾਰਟੀ ਦੇ ਸੰਸਦ ਮੇਂਬਰ ਰਾਘਵ ਚੱਢਾ ਬਾਰੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਜੋ ਪਾਰਟੀ ਦੀ ਗੱਲ ਨਹੀਂ ਮੰਨੇਗਾ ਉਸਤੇ ਕਾਰਵਾਈ ਹੋਵੇਗੀ।
- ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵਲੋਂ ਉੱਚ-ਪੱਧਰੀ ਸੂਬਾ ਕਾਰਜ ਬਲ ਨਾਲ ਮੀਟਿੰਗ- ਸਾਰੇ ਭਾਈਵਾਲਾਂ ਨੂੰ ਇਸ ਸਾਲ ਬਿਮਾਰੀ ਮੁਕਤ ਪੰਜਾਬ ਦੀ ਸਿਰਜਣਾ ਲਈ ਉਪਰਾਲਿਆਂ ਨੂੰ ਬਰਕਰਾਰ ਰੱਖਣ ਦੀ ਅਪੀਲ ਕੀਤੀ।
- ਪੰਜਾਬ ਸਮੇਤ ਦੇਸ਼ ਭਰ ਵਿੱਚ 'ਗੁੱਡ ਫਰਾਈਡੇ' ਦਾ ਦਿਨ ਪ੍ਰਭੂ ਯਿਸੂ ਮਸੀਹ ਦੇ ਸਲੀਬ ਉੱਤੇ ਚੜ੍ਹਾਏ ਜਾਣ ਦੀ ਯਾਦ ਵਿੱਚ ,ਪ੍ਰਾਰਥਨਾਵਾਂ ਅਤੇ ਧਾਰਮਿਕ ਰਸਮਾਂ ਨਾਲ ਮਨਾਇਆ ਗਿਆ।

- ਗੜ੍ਹਸ਼ੰਕਰ ਦੇ ਪਿੰਡ ਰਸੂਲਪੁਰ ਵਿੱਚ ਬਿਜਲੀ ਡਿੱਗਣ ਕਾਰਨ ਇੱਕ ਨੌਜਵਾਨ ਦੀ ਮੌਤ ਦੋ ਹੋਰ ਗੰਭੀਰ ਜ਼ਖਮੀ -ਮੌਸਮ ਵਿਭਾਗ ਵਲੋਂ ਪੰਜਾਬ 'ਚ ਕੁਝ ਥਾਵਾਂ 'ਤੇ ਅੱਜ ਅਤੇ ਕੱਲ੍ਹ ਸ਼ਨੀਚਰਵਾਰ ਨੂੰ ਮੀਂਹ ਤੇ ਗੜੇਮਾਰੀ ਬਾਰੇ ਓਰੇਂਜ ਅਲਰਟ ਜਾਰੀ ।
- IPL ਕ੍ਰਿਕੇਟ ਵਿੱਚ ਅੱਜ, ਚੇਨਈ ਸੁਪਰ ਕਿੰਗਜ਼ ਦਾ ਮੁਕਾਬਲਾ,ਸ਼ਾਮੀ ਸਾਢੇ 7 ਵਜੇ ਪੰਜਾਬ ਕਿੰਗਜ਼ ਨਾਲ ਹੋਏਗਾ ।

--------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦਾ ਮੰਨਣਾ ਏ ਕਿ ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਰਾਘਵ ਚੱਢਾ ਵਲੋਂ ਕੋਈ ਸਮਝੌਤਾ ਕੀਤਾ ਗਿਆ ਏ । ਉਹ ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਸ੍ਰੀ ਚੱਢਾ ਵੱਲੋਂ ਆਮ ਆਦਮੀ ਪਾਰਟੀ ਵੱਲੋਂ ਰਾਜ ਸਭਾ ਸਕੱਤਰੇਤ ਨੂੰ ਸਦਨ ਵਿੱਚ ਬੋਲਣ ਲਈ ਸਮਾਂ ਨਾ ਦੇਣ ਦੀ ਮੰਗ ਕਰਨ ਦੇ ਕਦਮ 'ਤੇ ਸਵਾਲ ਉਠਾਉਣ ਵਾਲੇ ਇੱਕ ਬਿਆਨ ਦਾ ਜਵਾਬ ਦੇ ਰਹੇ ਸਨ। ਸ੍ਰੀ ਮਾਨ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਜੇਕਰ ਕੋਈ ਸੰਸਦ ਵਿੱਚ ਪਾਰਟੀ ਵ੍ਹਿਪ ਦੀ ਪਾਲਣਾ ਨਹੀਂ ਕਰ ਰਿਹਾ ਏ, ਤਾਂ ਉਸਨੂੰ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ । ਉਨ੍ਹਾਂ ਇਹ ਵੀ ਕਿਹਾ ਕਿ

ਪਾਰਟੀਆਂ ਵਲੋਂ ਸੰਸਦ ਵਿੱਚ ਆਪਣੇ ਨੇਤਾ ਬਦਲਣਾ ਇੱਕ ਆਮ ਅਭਿਆਸ ਏ।

---------------------------------------------------------------------------

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਾਂਝੇ ਤੌਰ ’ਤੇ ਉੱਚ-ਪੱਧਰੀ ਸੂਬਾ ਕਾਰਜ ਬਲ ਮੀਟਿੰਗ ਦੀ ਪ੍ਰਧਾਨਗੀ ਕੀਤੀ ਤਾਂ ਜੋ ਸੂਬੇ ਭਰ ਵਿੱਚ ਪਾਣੀ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੇ ਖਿਲਾਫ ਏਕੀਕ੍ਰਿਤ ਪ੍ਰਤੀਕਿਰਿਆ ਤਿਆਰ ਕੀਤੀ ਜਾ ਸਕੇ। ਸਿਹਤ ਮੰਤਰੀ ਨੇ ਕਿਹਾ ਕਿ ਡੇਂਗੂ, ਮਲੇਰੀਆ, ਚਿਕਨਗੁਨੀਆ ਰੇਬੀਜ਼ ਵਰਗੀਆਂ ਬਿਮਾਰੀਆਂ ਨਾਲ ਨਜਿੱਠਣ ਲਈ ਮਨੁੱਖਾਂ, ਜਾਨਵਰਾਂ ਅਤੇ ਵਾਤਾਵਰਣ ਸਿਹਤ ਰਣਨੀਤੀਆਂ ਨੂੰ ਏਕੀਕ੍ਰਿਤ ਕਰਨ ਵਾਲੀ ‘ਇਕ ਸਿਹਤ’ ਪਹੁੰਚ ਦੀ ਬਹੁਤ ਲੋੜ ਏ। ਸਿਹਤ ਮੰਤਰੀ ਨੇ ਸਾਰੇ ਵਿਭਾਗਾਂ ਨੂੰ ਸਖ਼ਤ ਨਿਰਦੇਸ਼ ਜਾਰੀ ਕੀਤੇ ਕਿ ਇਹ ਯਕੀਨੀ ਬਣਾਇਆ ਜਾਵੇ ਕਿ ‘ਹਰ ਸ਼ੁਕਰਵਾਰ ਡੇਂਗੂ ਤੇ ਵਾਰ’ ਮੁਹਿੰਮ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸ਼ਾਮਲ ਕਰਕੇ ਇਸਨੂੰ ਜਨ ਅੰਦੋਲਨ ਬਣਾਇਆ ਜਾਵੇ । ਸਿਹਤ ਮੰਤਰੀ ਨੇ ਰਾਸ਼ਟਰੀ ਰੇਬੀਜ਼

ਕੰਟਰੋਲ ਪ੍ਰੋਗਰਾਮ ’ਤੇ ਚਰਚਾ ਕੀਤੀ ਅਤੇ ਕਿਹਾ ਕਿ ਰਾਜ ਭਰ ਵਿੱਚ 746 ਸਰਕਾਰੀ ਸਿਹਤ ਸਹੂਲਤਾਂ ਵਿੱਚ ਐਂਟੀ-ਰੇਬੀਜ਼ ਟੀਕੇ ਉਪਲਬਧ ਨੇ । ਮੀਟਿੰਗ ਦੌਰਾਨ ਡਾ. ਬਲਬੀਰ ਸਿੰਘ ਨੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ’ਤੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਸਥਾਨਕ ਸਰਕਾਰਾਂ ਅਤੇ ਜਲ ਸਪਲਾਈ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਪੀਣ ਵਾਲੇ ਪਾਣੀ ਦੀ 100 ਫੀਸਦ ਕਲੋਰੀਨੇਸ਼ਨ ਯਕੀਨੀ ਬਣਾਈ ਜਾਵੇ ਅਤੇ ਹੈਪੇਟਾਈਟਸ ਏ, ਈ, ਡਾਇਰੀਆ ਅਤੇ ਹੈਜ਼ੇ ਦੇ ਪ੍ਰਕੋਪ ਨੂੰ ਰੋਕਣ ਲਈ ਵਿਸ਼ੇਸ਼ ਤੌਰ ’ਤੇ ਪਛਾਣੇ ਗਏ ਇਲਾਕਿਆਂ ’ਤੇ ਸੈਂਪਲਿੰਗ ਯਕੀਨੀ ਬਣਾਈ ਜਾਵੇ। ਜ਼ਿਲ੍ਹਾ ਫਿਰੋਜ਼ਪੁਰ ਦੇ ਪਿੰਡ ਹਜ਼ਾਰਾ ਸਿੰਘ ਵਾਲਾ ਵਿਖੇ ਹਾਲ ਹੀ ਵਿੱਚ ਫੈਲੀ ਲੈਪਟੋ-ਸਪਾਇ-ਰੋਸਿਸ ਦੇ ਪ੍ਰਕੋਪ ’ਤੇ ਚਿੰਤਾ ਜ਼ਾਹਰ ਕਰਦਿਆਂ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਉਹ ਇਸ ਪ੍ਰਕੋਪ ਦੇ ਕਾਰਨਾਂ ਦਾ ਪਤਾ ਲਗਾ ਕੇ ਇਸ ਸਬੰਧੀ ਢੁਕਵੇਂ ਸੁਧਾਰਾਂ ਨੂੰ ਯਕਾਨੀ ਬਣਾਉਣ ਲਈ ਡਿਪਟੀ ਕਮਿਸ਼ਨਰ ਨਾਲ ਪਿੰਡ ਦਾ ਦੌਰਾ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਜਿਹੀ ਕਿਸੇ ਵੀ ਬਿਮਾਰੀ ਦੇ ਪ੍ਰਕੋਪ ਨੂੰ ਰੋਕਣ ਲਈ ਅਜਿਹੇ ਮਾਮਲਿਆਂ ਵਿੱਚ ਮਾਡਲ ਐਸਓਪੀਜ਼ ਤਿਆਰ

ਕੀਤੀ ਜਾਵੇਗੀ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਭਰੋਸਾ ਦਿਵਾਇਆ ਕਿ ਵਿੱਤ ਵਿਭਾਗ ਸਥਿਤੀ ਵਿੱਚ ਸੁਧਾਰ ਨੂੰ ਬਰਕਰਾਰ ਰੱਖਣ ਲਈ ਹਰ ਲੋੜੀਂਦੀ ਸਹਾਇਤਾ ਪ੍ਰਦਾਨ ਕਰੇਗਾ। ਉਨ੍ਹਾਂ ਨੇ ਸਾਰੇ ਭਾਈਵਾਲਾਂ ਨੂੰ ਸਾਲ 2026 ਵਿੱਚ ਬਿਮਾਰੀ ਮੁਕਤ ਪੰਜਾਬ ਦੀ ਸਿਰਜਣਾ ਲਈ ਉਪਰਾਲਿਆਂ ਦੀ ਰਫ਼ਤਾਰ ਨੂੰ ਬਰਕਰਾਰ ਰੱਖਣ ਦੀ ਅਪੀਲ ਕੀਤੀ।

---------------------------------------------------------------------------

ਦੇਸ਼ ਵਿੱਚ ਮੌਜੂਦਾ ਪੈਟਰੋਲੀਅਮ ਪਦਾਰਥਾਂ ਨੂੰ ਲੈ ਕੇ ਬਣ ਰਹੀ ਸਥਿਤੀ ਦੇ ਮੱਦੇਨਜ਼ਰ ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਨੇ ਅੱਜ ਪਠਾਨਕੋਟ ਵਿੱਚ ਗੈਸ ਏਜੰਸੀ ਮਾਲਕਾਂ ਅਤੇ ਵੱਖ-ਵੱਖ ਪੈਟਰੋਲੀਅਮ ਕੰਪਨੀਆਂ ਦੇ ਅਧਿਕਾਰੀਆਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ । ਇਸ ਮੀਟਿੰਗ ਦਾ ਮੁੱਖ ਉਦੇਸ਼ ਲੋਕਾਂ ਨੂੰ ਰੋਜ਼ਮਰਰਾ ਦੀ ਵਰਤੋਂ ਵਾਲੀ ਗੈਸ ਅਤੇ ਹੋਰ ਪੈਟਰੋਲੀਅਮ ਪਦਾਰਥਾਂ ਦੀ ਸਪਲਾਈ ਨੂੰ ਯਕੀਨੀ ਬਣਾਉਣਾ ਅਤੇ ਕਿਸੇ ਵੀ ਤਰ੍ਹਾਂ ਦੀ ਕਾਲਾਬਾਜ਼ਾਰੀ ਜਾਂ ਜਮਾਖੋਰੀ ਨੂੰ ਰੋਕਣਾ ਹੈ। ਜਿਸ ਦੇ ਸੰਬੰਧ ਵਿੱਚ ਅੱਜ ਵੱਖ-ਵੱਖ ਗੈਸ ਏਜੰਸੀਆਂ ਦੇ ਮਾਲਕਾਂ ਵੱਖ-ਵੱਖ ਪੈਟਰੋਲੀਅਮ ਕੰਪਨੀਆਂ ਦੇ ਅਧਿਕਾਰੀਆਂ ਨਾਲ

ਜ਼ਿਲਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਕੈਬਨਿਟ ਮੰਤਰੀ ਨੇ ਕਿਹਾ ।

BYTE:RNU030426

---------------------------------------------------------------------------------

ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ ਨੇ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਬਿਹਤਰ ਢੰਗ ਨਾਲ ਸੇਵਾ ਪ੍ਰਦਾਨ ਕਰਨ ਅਤੇ ਸੂਬੇ ਦੇ ਨਾਗਰਿਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਵਿਆਪਕ ਪਹਿਲਕਦਮੀਆਂ ਅਤੇ ਸੁਧਾਰਾਂ ਦਾ ਐਲਾਨ ਕੀਤਾ ਏ । ਮੰਤਰੀ ਨੇ ਦੱਸਿਆ ਕਿ ਸੁਧਾਰ ਟਰੱਸਟਾਂ ਲਈ ਯਕਮੁਸ਼ਤ ਨਿਪਟਾਰਾ ਯੋਜਨਾ 30 ਅਪ੍ਰੈਲ ਤੱਕ ਮੁੜ ਸ਼ੁਰੂ ਕੀਤੀ ਗਈ ਏ ਜਿਸ ਤਹਿਤ ਨਾਨ-ਕੰਸਟ੍ਰੱਕਸ਼ਨ ਫੀਸ (ਐਨਸੀਐਫ) 'ਤੇ ਲਗਭਗ 50 ਫੀਸਦ ਦੀ ਛੋਟ ਦਿੱਤੀ ਜਾ ਰਹੀ ਏ ਜਿਸ ਨਾਲ ਜਾਇਦਾਦ ਮਾਲਕਾਂ ਨੂੰ ਵੱਡੀ ਵਿੱਤੀ ਰਾਹਤ ਮਿਲੇਗੀ। ਊਨਾ ਦਸਿਆ ਕਿ ਵਿੱਤੀ ਸਾਲ 2025-26 ਲਈ ਹਾਊਸ ਟੈਕਸ ਦੀ ਵਸੂਲੀ 600 ਕਰੋੜ ਰੁਪਏ ਤੱਕ ਪਹੁੰਚ ਗਿਆ ਏ ਜੋ ਕਿ ਵਿੱਤੀ ਸਾਲ 2024-25 ਵਿੱਚ 500 ਕਰੋੜ ਰੁਪਏ ਸੀ। ਇਹ ਵਾਧਾ ਸ਼ਹਿਰੀ ਸਥਾਨਕ ਇਕਾਈਆਂ ਦੀ ਬਿਹਤਰ ਕੁਸ਼ਲਤਾ, ਪਾਰਦਰਸ਼ਤਾ

ਅਤੇ ਪਾਲਣਾ ਨੂੰ ਦਰਸਾਉਂਦਾ ਏ। ਮੰਤਰੀ ਨੇ ਕਿਹਾ ਕਿ ਨਗਰ ਨਿਗਮਾਂ ਅਤੇ ਕੌਂਸਲਾਂ ਵਿੱਚ 1,300 ਕਰੋੜ ਰੁਪਏ ਦੀ ਲਾਗਤ ਨਾਲ 2,120 ਕਿਲੋਮੀਟਰ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਏ ਜਿਨ੍ਹਾਂ ਨੂੰ ਮਈ 2026 ਦੇ ਅੰਤ ਤੱਕ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਏ। ਜਲ ਪ੍ਰਬੰਧਨ 'ਤੇ, ਵਿੱਤੀ ਸਾਲ 2025-26 ਵਿੱਚ ਸਤਹੀ ਜਲ ਪ੍ਰਾਜੈਕਟਾਂ ਲਈ 700 ਕਰੋੜ ਰੁਪਏ ਦੇ ਕੰਮ ਅਲਾਟ ਕੀਤੇ ਗਏ ਸਨ, ਜਿਸਦਾ ਉਦੇਸ਼ ਜ਼ਮੀਨ ਹੇਠਲੇ ਪਾਣੀ ਦੀ ਸੰਭਾਲ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣਾ ਸੀ। ਇਸ ਤੋਂ ਇਲਾਵਾ ਮੌਜੂਦਾ ਤਿਮਾਹੀ ਵਿੱਚ ਲਗਭਗ 800 ਕਰੋੜ ਰੁਪਏ ਦੇ 30 ਵਾਟਰ ਟ੍ਰੀਟਮੈਂਟ ਪਲਾਂਟ ਵੀ ਅਲਾਟ ਕੀਤੇ ਜਾਣਗੇ।

---

ਪੰਜਾਬ ਸਮੇਤ ਦੇਸ਼ ਭਰ ਵਿੱਚ 'ਗੁੱਡ ਫਰਾਈਡੇ' ਦਾ ਦਿਨ ਪ੍ਰਭੂ ਯਿਸੂ ਮਸੀਹ ਦੇ ਸਲੀਬ ਉੱਤੇ ਚੜ੍ਹਾਏ ਜਾਣ ਦੀ ਯਾਦ ਵਿੱਚ , ਪ੍ਰਾਰਥਨਾਵਾਂ ਅਤੇ ਧਾਰਮਿਕ ਰਸਮਾਂ ਨਾਲ ਮਨਾਇਆ ਗਿਆ । ਇਸ ਮੌਕੇ ਗਿਰਜਾ ਘਰਾਂ ਚ ਵਿਸ਼ੇਸ਼ ਪ੍ਰਾਰਥਨਾ ਸਭਾਵਾਂ ਹੋਈਆਂ । ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਕਿ ਗੁੱਡ ਫਰਾਈਡੇ

ਮੌਕੇ ਹਰ ਕੋਈ ਪ੍ਰਭੂ ਯਿਸੂ ਦੇ ਬਲੀਦਾਨ ਨੂੰ ਯਾਦ ਕਰਦਾ ਏ । ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਇਹ ਦਿਨ ਸਾਨੂੰ ਪ੍ਰਭੂ ਯਿਸੂ ਦੇ ਬਲੀਦਾਨ ਦੀ ਯਾਦ ਦਿਵਾਉਂਦਾ ਏ ਤੇ ਊਨਾ ਹਮੇਸ਼ਾ ਸਦਭਾਵਨਾ, ਦਇਆ ਅਤੇ ਮਾਫ਼ੀ ਲਈ ਕਾਮਨਾ ਕੀਤੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਪ੍ਰਭੂ ਯਸ਼ੂ ਮਸੀਹ ਦੀ ਦਇਆ ਤੇ ਮਾਫੀ ਦੀ ਸਿੱਖਿਆ ਨੂੰ ਯਾਦ ਕਰਦਿਆਂ ਗੁਡ ਫਰਾਈਡੇ ਮੌਕੇ ਉਹਨਾਂ ਨੂੰ ਨਮਨ ਕੀਤਾ । ਓਧਰ ਗੁਰਦਸਪੂਰ ਦੇ ਧਾਰੀਵਾਲ ਵਿੱਖੇ ਗੁਡ ਫਰਾਈਡੇ ਨੂੰ ਸਮਰਪਿਤ ਦੁੱਖ ਭੋਗ ਯਾਤਰਾ  ਸੰਤਨੀ ਤਰੇਜ਼ਾ ਕੈਥੋਲਿਕ ਗਿਰਜਾ ਘਰ ਤੋਂ ਕੱਢੀ ਗਈ ਜਿਸ ਵਿੱਚ ਸੈਂਕੜੇ ਸੰਗਤਾਂ ਨੇ ਇਸ ਵਿੱਚ ਸ਼ਰਧਾ ਭਾਵਨਾ ਨਾਲ ਸ਼ਮੂਲੀਅਤ ਕੀਤੀ ।

-------------------------------------------------------------------

ਪੰਜਾਬ  ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਪਹਿਲੀ ਅਪ੍ਰੈਲ ਨੂੰ ਚੰਡੀਗੜ੍ਹ ਵਿੱਚ BJP ਦਫਤਰ ਵਿੱਚ ਹੋਏ ਧਮਾਕੇ ਵਿੱਚ ਕਥਿਤ ਸ਼ਮੂਲੀਅਤ ਦੇ ਦੋਸ਼ ਵਿੱਚ ਰੋਪੜ ਦੇ ਮੋਰਿੰਡਾ ਖੇਤਰ ਵਿੱਚ ਦੋ ਸ਼ੱਕੀਆਂ ਦੇ ਘਰਾਂ 'ਤੇ ਛਾਪੇਮਾਰੀ ਕੀਤੀ ਏ । ਪੁਲਿਸ ਸੂਤਰਾਂ ਮੁਤਾਬਿਕ  ਛਾਪੇਮਾਰੀ ਦੌਰਾਨ ਰੋਪੜ ਪੁਲਿਸ ਨੇ ਕਾਊਂਟਰ ਇੰਟੈਲੀਜੈਂਸ ਵਿੰਗ ਨਾਲ ਤਾਲਮੇਲ

ਕੀਤਾ। ਦੋਵਾਂ ਮੁਲਜ਼ਮਾਂ ਦੇ ਪਰਿਵਾਰਕ ਮੈਂਬਰਾਂ ਤੋਂ ਵੀ ਪੁੱਛਗਿੱਛ ਕੀਤੀ ਗਈ। ਹਾਲਾਂਕਿ, ਦੋਵਾਂ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਬਾਰੇ ਪੁਲਿਸ ਦਾ ਕੋਈ ਅਧਿਕਾਰਤ ਬਿਆਨ ਨਹੀਂ ਏ। ਚੰਡੀਗੜ੍ਹ ਵਿੱਚ ਬਜਪ ਦਫਤਰ ਨੂੰ ਬੁੱਧਵਾਰ ਸ਼ਾਮ ਨੂੰ ਦੋਵਾਂ ਮੁਲਜ਼ਮਾਂ ਨੇ ਨਿਸ਼ਾਨਾ ਬਣਾਇਆ ਸੀ ਜਦੋਂ ਉਨ੍ਹਾਂ ਵਿੱਚੋਂ ਇੱਕ ਨੇ ਦਫਤਰ ਦੀ ਇਮਾਰਤ 'ਤੇ ਹੱਥਗੋਲਾ ਸੁੱਟਿਆ ਸੀ। ਹਾਲਾਂਕਿ, ਧਮਾਕੇ ਵਿੱਚ ਕਿਸੇ ਜਾਨੀ ਨੁਕਸਾਨ ਖ਼ਬਰ ਨਹੀਂ ਏ, ਪਰ ਕੁਝ ਵਾਹਨਾਂ ਨੂੰ ਨੁਕਸਾਨ ਪਹੁੰਚਿਆ ਸੀ। ਚੰਡੀਗੜ੍ਹ ਅਤੇ ਪੰਜਾਬ ਪੁਲਿਸ ਕੁਝ ਹੋਰ ਸੁਰੱਖਿਆ ਏਜੰਸੀਆਂ ਨਾਲ ਮਿਲ ਕੇ ਜਾਂਚ ਕਰ ਰਹੀ ਏ। BJP ਤੇ ਕੁਝ ਹੋਰ ਰਾਜਨੀਤਿਕ ਪਾਰਟੀਆਂ ਨੇ ਹਮਲੇ ਦੀ ਨਿੰਦਾ ਕੀਤੀ ਏ।

---------------------------------------------------------------------------

ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਚੀਫ਼ ਜਸਟਿਸ ਸ਼ੀਲ ਨਾਗੂ ਨੇ ਅੱਜ ਫਤਿਹਗੜ੍ਹ ਸਾਹਿਬ ਦੇ ਖਮਾਣੋਂ ਵਿੱਚ ਨਵੇਂ ਬਣੇ ਫੈਮਿਲੀ ਕੋਰਟ ਕੰਪਲੈਕਸ ਦਾ ਉਦਘਾਟਨ ਕੀਤਾ। ਚੀਫ ਜਸਟਿਸ ਸ਼ੀਲ ਨਾਗੂ ਨੇ ਕਿਹਾ ਕਿ ਪਰਿਵਾਰਕ ਮਾਮਲਿਆਂ ਨਾਲ ਸੰਬੰਧਿਤ ਮਾਮਲਿਆਂ ਵਿੱਚ ਸਮੇਂ ਸਿਰ ਨਿਆਂ ਪ੍ਰਦਾਨ ਕਰਨਾ ਬਹੁਤ ਜ਼ਰੂਰੀ ਏ। ਉਨ੍ਹਾਂ ਨੇ ਜ਼ੋਰ ਦੇ ਕੇ

ਕਿਹਾ ਕਿ ਨਵਾਂ ਫੈਮਿਲੀ ਕੋਰਟ ਕੰਪਲੈਕਸ ਇਸ ਦਿਸ਼ਾ ਵਿੱਚ ਇੱਕ ਮੀਲ ਪੱਥਰ ਸਾਬਤ ਹੋਵੇਗਾ ਅਤੇ ਮਾਮਲਿਆਂ ਦੀ ਸੁਣਵਾਈ ਨੂੰ ਤੇਜ਼ ਅਤੇ ਪਾਰਦਰਸ਼ੀ ਬਣਾਉਣ ਵਿੱਚ ਸਹਾਇਕ ਹੋਵੇਗਾ। ਉਨ੍ਹਾਂ ਕਿਹਾ ਕਿ ਕਾਨੂੰਨੀ ਨਿਆਂ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਨੇ ਅਤੇ ਇਸ ਕੰਪਲੈਕਸ ਦੀ ਸਥਾਪਨਾ ਵੀ ਉਸੇ ਦਾ ਹਿੱਸਾ ਏ । ਇਸ ਨਾਲ ਨਾ ਸਿਰਫ਼ ਨਿਆਂਇਕ ਮਾਮਲਿਆਂ ਦਾ ਬੋਝ ਘਟੇਗਾ, ਸਗੋਂ ਲੋਕਾਂ ਨੂੰ ਇੱਕ ਹੀ ਥਾਂ ‘ਤੇ ਸਾਰੀਆਂ ਲੋੜੀਂਦੀਆਂ ਸਹੂਲਤਾਂ ਪ੍ਰਾਪਤ ਹੋਣਗੀਆਂ। ਇਸ ਮੌਕੇ ਪੰਜਾਬ ਅਤੇ ਹਰਿਆਣਾ ਹਾਈਕੋਰਟ, ਦੇ ਜੱਜ ਜਗਮੋਹਨ ਬਾਂਸਲ ਤੇ ਹੋਰ ਪਤਵੰਤੇ ਵਿਸ਼ੇਸ਼ ਤੌਰ ਤੇ ਹਾਜ਼ਰ ਸਨ ।

---

ਗੁਰਦਾਸਪੁਰ ਪੁਲਿਸ ਤੇ BSF ਨੇ ਰਾਵੀ ਦਰਿਆ ਪਾਰ ਪੈਂਦੇ ਪਿੰਡ ਭਰਿਆਲ ਵਿੱਚ ਇੱਕ ਡਰੋਨ ਤੇ ਹੈਰੋਇਨ ਬਰਾਮਦ ਕੀਤੀ ਏ । ਸਾਡੇ ਪਤਰਕਾਰ ਨੇ ਦਸਿਆ ਕਿ ਬੀਐਸਐਫ ਚੋਂਕੀ ਭਰਿਆਲ ਵਿਖੇ ਇੱਕ ਖੇਤ ਵਿੱਚ ਤਲਾਸ਼ੀ ਦੌਰਾਨ ਇਹ ਬਰਾਮਦਗੀ ਕੀਤੀ ।

---

ਮੌਸਮ ਵਿਭਾਗ ਨੇ ਪੰਜਾਬ ਚ ਕੁਝ ਥਾਵਾਂ 'ਤੇ ਅੱਜ ਅਤੇ ਕੱਲ੍ਹ

ਸ਼ਨੀਚਰਵਾਰ ਨੂੰ ਮੀਹ ਪੈਣ ਬਾਰੇ ਓਰੇਂਜ  ਅਲਰਟ ਜਾਰੀ ਕੀਤਾ ਏ, ਜਿਸ ਦੌਰਾਨ ਗਰਜ ਨਾਲ ਹਲਕੀ ਬਾਰਿਸ਼ ਅਤੇ ਗੜੇਮਾਰੀ ਵੀ ਹੋ ਸਕਦੀ ਏ। ਕੱਲ੍ਹ ਦਰਜ ਕੀਤੇ ਗਏ ਵੱਧ ਤੋਂ ਵੱਧ ਤਾਪਮਾਨ ਮੁਤਾਬਿਕ ਪਟਿਆਲਾ 36.8 ਡਿਗਰੀ ਸੈਲਸੀਅਸ ਨਾਲ ਸਭ ਤੋਂ ਗਰਮ ਰਿਹਾ, ਇਸ ਤੋਂ ਬਾਅਦ ਰੂਪਨਗਰ, ਫਾਜ਼ਿਲਕਾ, ਲੁਧਿਆਣਾ ਤੇ ਫਰੀਦਕੋਟ ਨੇ ਜਿੱਥੇ ਵੱਧ ਤੋਂ ਵੱਧ ਤਾਪਮਾਨ 35 ਡਿਗਰੀ ਤੋਂ 35.7 ਡਿਗਰੀ ਸੈਲਸੀਅਸ ਦੇ ਵਿਚਕਾਰ ਸੀ ਜਦਕਿ, ਅੱਜ ਸਵੇਰੇ ਦਰਜ ਕੀਤੇ ਗਏ ਘੱਟੋ-ਘੱਟ ਤਾਪਮਾਨ ਦੇ ਅਨੁਸਾਰ, ਬਠਿੰਡਾ 17.5 ਡਿਗਰੀ ਸੈਲਸੀਅਸ ਨਾਲ ਸਭ ਤੋਂ ਠੰਡਾ ਰਿਹਾ, ਇਸ ਤੋਂ ਬਾਅਦ ਫਰੀਦਕੋਟ ਚ ਤਾਪਮਾਨ 18.6 ਡਿਗਰੀ ਸੈਲਸੀਅਸ ਰਿਹਾ। ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ ਸਮੇਤ ਰਾਜ ਦੇ ਹੋਰ ਜ਼ਿਲ੍ਹਿਆਂ ਵਿੱਚ ਘੱਟੋ-ਘੱਟ ਤਾਪਮਾਨ 19 ਤੋਂ 20.9 ਡਿਗਰੀ ਸੈਲਸੀਅਸ ਦੇ ਵਿਚਕਾਰ ਸੀ।

--------------------------------------------------------------------------------

ਹੁਸ਼ਿਆਰਪੁਰ ਦੇ ਗੜਸ਼ੰਕਰ ਇਲਾਕੇ ਦੇ ਪਿੰਡ ਰਸੂਲਪੁਰ ਵਿੱਚ ਅੱਜ ਦੁਪਹਿਰ ਕਰੀਬ 12 ਵਜੇ ਕ੍ਰਿਕਟ ਖੇਡ ਰਹੇ ਨੌਜਵਾਨਾਂ ’ਤੇ ਅਸਮਾਨੀ ਬਿਜਲੀ ਡਿੱਗਣ ਕਾਰਨ ਇੱਕ ਨੌਜਵਾਨ ਦੀ ਮੌਤ ਹੋ ਗਈ, ਜਦਕਿ ਦੋ

ਹੋਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ। ਸਾਡੇ ਪਤਰਕਾਰ ਨੇ ਦਸਿਆ ਕਿ ਰਸੂਲਪੁਰ ਦੇ ਕਰੀਬ ਇਕ ਦਰਜਨ ਨੌਜਵਾਨ ਪਿੰਡ ਬੱਕਾਪੁਰ ਦੇ ਖੇਡ ਮੈਦਾਨ ਵਿੱਚ ਕ੍ਰਿਕਟ ਖੇਡ ਰਹੇ ਸਨ, ਜਦ ਅਚਾਨਕ ਗਰਜ ਨਾਲ ਬਿਜਲੀ ਡਿੱਗ ਪਈ। ਹਾਦਸੇ ਵਿੱਚ ਤਰਨਦੀਪ ਨਾ ਦੇ ਨੌਜਵਾਨ ਦੀ ਮੌਤ ਹੋ ਗਈ। ਦੋਵੇਂ ਜ਼ਖਮੀ ਨੌਜਵਾਨਾਂ ਨੂੰ ਇਲਾਜ ਲਈ ਤੁਰੰਤ ਨਵਾਂਸ਼ਹਿਰ ਦੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਏ , ਜਿੱਥੇ ਉਨ੍ਹਾਂ ਦੀ ਹਾਲਤ ਇਸ ਵੇਲੇ ਸਥਿਰ ਦੱਸੀ ਜਾ ਰਹੀ ਏ।

--------------------------------------------------------------------------------

IPL ਕ੍ਰਿਕੇਟ ਵਿੱਚ ਅੱਜ, ਚੇਨਈ ਸੁਪਰ ਕਿੰਗਜ਼ ਦਾ ਮੁਕਾਬਲਾ ਚੇਨਈ ਦੇ ਐਮ.ਏ. ਚਿਦੰਬਰਮ ਸਟੇਡੀਅਮ ਵਿਖੇ ਪੰਜਾਬ ਕਿੰਗਜ਼ ਨਾਲ ਹੋਏਗਾ। ਇਹ ਮੈਚ ਸ਼ਾਮੀ ਸਾਢੇ 7 ਵਜੇ ਖੇਡਿਆ ਜਾਏਗਾ।

--------------------------------------------------------------------------------

- ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਰਾਘਵ ਚੱਢਾ ਬਾਰੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਜੋ ਪਾਰਟੀ ਦੀ ਗੱਲ ਨਹੀਂ ਮੰਨੇਗਾ ਉਸਤੇ ਕਾਰਵਾਈ ਹੋਵੇਗੀ।
- ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵਲੋਂ ਉੱਚ-ਪੱਧਰੀ ਸੂਬਾ ਕਾਰਜ ਬਲ ਨਾਲ ਮੀਟਿੰਗ- ਸਾਰੇ ਭਾਈਵਾਲਾਂ

ਨੂੰ ਇਸ ਸਾਲ ਬਿਮਾਰੀ ਮੁਕਤ ਪੰਜਾਬ ਦੀ ਸਿਰਜਣਾ ਲਈ ਉਪਰਾਲਿਆਂ ਨੂੰ ਬਰਕਰਾਰ ਰੱਖਣ ਦੀ ਅਪੀਲ ਕੀਤੀ।

- ਪੰਜਾਬ ਸਮੇਤ ਦੇਸ਼ ਭਰ ਵਿੱਚ 'ਗੁੱਡ ਫਰਾਈਡੇ' ਦਾ ਦਿਨ ਪ੍ਰਭੂ ਯਿਸੂ ਮਸੀਹ ਦੇ ਸਲੀਬ ਉੱਤੇ ਚੜ੍ਹਾਏ ਜਾਣ ਦੀ ਯਾਦ ਵਿੱਚ ,ਪ੍ਰਾਰਥਨਾਵਾਂ ਅਤੇ ਧਾਰਮਿਕ ਰਸਮਾਂ ਨਾਲ ਮਨਾਇਆ ਗਿਆ।
- ਗੜ੍ਹਸ਼ੰਕਰ ਦੇ ਪਿੰਡ ਰਸੂਲਪੁਰ ਵਿੱਚ ਬਿਜਲੀ ਡਿੱਗਣ ਕਾਰਨ ਇੱਕ ਨੌਜਵਾਨ ਦੀ ਮੌਤ ਦੋ ਹੋਰ ਗੰਭੀਰ ਜ਼ਖਮੀ -ਮੌਸਮ ਵਿਭਾਗ ਵਲੋਂ ਪੰਜਾਬ 'ਚ ਕੁਝ ਥਾਵਾਂ 'ਤੇ ਅੱਜ ਅਤੇ ਕੱਲ੍ਹ ਸ਼ਨੀਚਰਵਾਰ ਨੂੰ ਮੀਂਹ ਤੇ ਗੜੇਮਾਰੀ ਬਾਰੇ ਓਰੇਂਜ ਅਲਰਟ ਜਾਰੀ । ਅਤੇ
- IPL ਕ੍ਰਿਕੇਟ ਵਿੱਚ ਅੱਜ, ਚੇਨਈ ਸੁਪਰ ਕਿੰਗਜ਼ ਦਾ ਮੁਕਾਬਲਾ,ਸ਼ਾਮੀ ਸਾਢੇ 7 ਵਜੇ ਪੰਜਾਬ ਕਿੰਗਜ਼ ਨਾਲ ਹੋਏਗਾ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ

ਨਮਸਕਾਰ !